4824
8-2-18

ਵੱਲ :

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ,ਐੱ.ਸਿੱ.),
ਸਮੂਹ ਸਕੂਲ ਮੁਖੀ,
ਪੰਜਾਬ।

ਮੀਮੋ ਨੰ: AD(CO)SSE/2018/2014041
ਮਿਤੀ,ਚੰਡੀਗੜ੍ਹ: 07.02.18

ਵਿਸ਼ਾ:- ਪ੍ਰਾਈਵੇਟ ਕਾਲਜਾਂ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਪਣੇ ਕਾਲਜਾਂ ਵਿੱਚ ਦਾਖਲਾ ਲੈਣ ਲਈ ਲੁਭਾਉਣ ਹਿੱਤ ਸਰਕਾਰੀ ਸਕੂਲਾਂ ਵਿੱਚ ਮੀਟਿੰਗਾਂ/ਸੈਮੀਨਾਰ ਕਰਨ ਸੰਬੰਧੀ।

1.0 ਉਕਤ ਵਿਸ਼ੇ ਸੰਬੰਧੀ ਫੀਲਡ ਵਿੱਚੋਂ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਹਨ ਕਿ ਕੁਝ ਪ੍ਰਾਈਵੇਟ ਪੋਲਿਟੈਕਨਿਕ ਅਤੇ ਇੰਜੀਨੀਅਰਿੰਗ ਕਾਲਜਾਂ ਦੀਆਂ ਕਾਊਂਸਲਿੰਗ ਟੀਮਾਂ ਸਰਕਾਰੀ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਆਪਣੇ ਕਾਲਜਾਂ ਵਿੱਚ ਦਾਖਲਾ ਲੈਣ ਲਈ ਪ੍ਰੋਤਸਾਹਿਤ ਕਰਦੀਆਂ ਹਨ। ਇਸ ਮੰਤਵ ਲਈ ਵਿਸ਼ੇਸ਼ ਤੌਰ 'ਤੇ ਦਸਵੀਂ ਅਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਲੁਭਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਅਤੇ ਸਕੂਲ ਮੁਖੀ/ਸਟਾਫ ਨੂੰ ਕਈ ਤਰ੍ਹਾਂ ਦੇ ਪ੍ਰਲੋਭਨ ਵੀ ਦਿੱਤੇ ਜਾਂਦੇ ਹਨ।

2.0 ਵਿਭਾਗ ਦੇ ਧਿਆਨ ਵਿੱਚ ਇਹ ਵੀ ਲਿਆਂਦਾ ਗਿਆ ਹੈ ਕਿ ਪ੍ਰਾਈਵੇਟ ਕਾਲਜਾਂ ਵੱਲੋਂ ਆਪਣੇ ਇਸ ਮੰਤਵ ਲਈ ਸਰਕਾਰੀ ਸਕੂਲਾਂ ਵਿੱਚ ਸਕੂਲ ਮੁਖੀ/ਸਟਾਫ ਦੀ ਸਹਿਮਤੀ ਨਾਲ ਸੈਮੀਨਾਰ ਲਗਾਏ ਜਾਂਦੇ ਹਨ। ਇਨ੍ਹਾਂ ਸੈਮੀਨਾਰਾਂ ਵਿੱਚ ਉਨ੍ਹਾਂ ਵੱਲੋਂ ਭਰਮਾਉਣੀਆਂ ਵੀਡਿਉ ਦੇਖ ਕੇ ਕਈ ਵਾਰ ਗਰੀਬ ਮਾਂ-ਪਿਉ ਦੇ ਬੱਚੇ ਪ੍ਰਾਈਵੇਟ ਸੰਸਥਾਵਾਂ ਵਿੱਚ ਦਾਖਲਾ ਲੈਣ ਲਈ ਆਕਰਸ਼ਿਤ ਹੋ ਜਾਂਦੇ ਹਨ ਅਤੇ ਆਪਣੇ ਮਾਪਿਆਂ ਨੂੰ ਇਨ੍ਹਾਂ ਸੰਸਥਾਵਾਂ ਵਿੱਚ ਦਾਖ਼ਲਾ ਕਰਵਾਉਣ ਹਿੱਤ ਮਜ਼ਬੂਰ ਕਰਦੇ ਹਨ, ਜਿਸ ਨਾਲ ਮਾਪਿਆਂ 'ਤੇ ਬੇਲੋੜਾ ਵਿੱਤੀ ਬੋਝ ਪੈਂਦਾ ਹੈ। ਇਹ ਇੱਕ ਨਿੰਦਣਯੋਗ ਰਵਾਇਤ ਹੈ, ਇਸ ਨਾਲ ਜਿੱਥੇ ਬੱਚਿਆਂ ਦੀ ਪੜ੍ਹਾਈ ਦਾ ਸਮਾਂ ਖ਼ਰਾਬ ਹੁੰਦਾ ਹੈ, ਉੱਥੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਇਨਰੋਲਮੈਂਟ ਵੀ ਘੱਟਦੀ ਹੈ।

3.0 ਉਕਤ ਦੇ ਸਨਮੁੱਖ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪ੍ਰਾਈਵੇਟ ਸੰਸਥਾਵਾਂ ਨੂੰ ਸਕੂਲਾਂ ਵਿੱਚ ਅਜਿਹੀਆਂ ਗਤੀਵਿਧੀਆਂ ਕਰਵਾਉਣ ਦੀ ਆਗਿਆ ਨਾ ਦਿੱਤੀ ਜਾਵੇ।

ਸਕੱਤਰ,
ਸਕੂਲ ਸਿੱਖਿਆ,ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: 07.02.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.),ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.),ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ.,ਪੰਜਾਬ।
5. ਸਮੂਹ ਸਰਕਲ ਐਜੂਕੇਸ਼ਨ ਅਫਸਰ,ਪੰਜਾਬ।
6. ਸਮੂਹ ਸਿੱਖਿਆ ਸੁਧਾਰ ਕਮੇਟੀਆਂ,ਪੰਜਾਬ।

ਸਕੱਤਰ,
ਸਕੂਲ ਸਿੱਖਿਆ,ਪੰਜਾਬ

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਜਲੰਧਰ
ਪਿੱ:ਅੰ:ਨੰ: ਸੀ-11 ( ) 2017-18/1003 ਮਿਤੀ ਜਲੰਧਰ 09.02.2018

ਉਪਰੋਕਤ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਪ੍ਰਿੰਸੀਪਲ/ਮੁੱਖ-ਅਧਿਆਪਕ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ। ਇਸ ਉਕਤ ਪੱਤਰ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ)